# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 23-06-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਦੁਨੀਆ, ਜਲਵਾਯੂ ਤਬਦੀਲੀ ਦੇ ਸੰਕਟ ਦਾ ਸਾਹਮਣਾ ਕਰ ਰਹੀ ਏ।
- ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੇ ਲੁਧਿਆਣਾ ਪੱਛਮੀ ਵਿਧਾਨ ਸਭਾ ਜਿਮਨੀ-ਚੋਣ ਜਿਤੀ।
- ਜਲ ਸ਼ਕਤੀ ਅਭਿਆਨ ਤਹਿਤ ਕੇਂਦਰੀ ਟੀਮ ਵੱਲੋਂ ਫਰੀਦਕੋਟ ਜਿਲ੍ਹੇ ਦਾ ਦੌਰਾ -ਲੋਕਾਂ ਲਈ ਨਿਰੰਤਰ ਸਾਫ ਪੀਣ ਵਾਲੇ ਪਾਣੀ ਮੁਹੱਈਆ ਕਰਵਾਉਣ ਦੇ ਦਿੱਤੇ ਨਿਰਦੇਸ਼।
- ਗੁਰਦਾਸਪੁਰ ਵਿਚ ਪਠਾਨਕੋਟ-ਅੰਮ੍ਰਿਤਸਰ ਸ਼ਾਹਰਾਹ 'ਤੇ ਵਾਪਰੇ ਸੜਕ ਹਾਦਸੇ ਵਿੱਚ, ਇੱਕ ਔਰਤ ਦੀ ਮੌਤ ਜਦਕਿ 6 ਲੋਕ ਜ਼ਖਮੀ।

- ਐਂਡਰਸਨ-ਤੇਂਦੁਲਕਰ ਕ੍ਰਿਕਟ ਟਰਾਫੀ ਵਿੱਚ, ਪਹਿਲੇ ਟੈਸਟ ਦੇ ਚੌਥੇ ਦਿਨ ਦੁਪਹਿਰ ਦੇ ਖਾਣੇ ਤੱਕ ਭਾਰਤ ਨੇ 3 ਵਿਕਟਾਂ 'ਤੇ 153 ਦੌੜਾਂ ਬਣਾਈਆਂ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਦੁਨੀਆ, ਜਲਵਾਯੂ ਤਬਦੀਲੀ ਦੇ ਸੰਕਟ ਦਾ ਸਾਹਮਣਾ ਕਰ ਰਹੀ ਏ। ਉਨ੍ਹਾਂ ਕਿਹਾ ਕਿ ਸਥਿਰਤਾ ਹੁਣ ਇੱਕ ਨਾਅਰਾ ਨਹੀਂ ਸਗੋਂ ਇੱਕ ਜ਼ਰੂਰਤ ਏ। ਨਵੀਂ ਦਿੱਲੀ ਵਿੱਚ ਭਾਰਤੀ ਲਾਗਤ ਲੇਖਾਕਾਰ ਸੰਸਥਾਨ ਦੇ ਨੈਸ਼ਨਲ ਸਟੂਡੈਂਟਸ ਕਨਵੋਕੇਸ਼ਨ ਵਿੱਚ ਬੋਲਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਵਿਦਿਆਰਥੀ ਆਪਣੇ ਹੁਨਰ ਨਾਲ ਇਸ ਧਰਤੀ ਦੇ ਭਵਿੱਖ ਵਿੱਚ ਮਹੱਤਵਪੂਰਨ ਬਦਲਾਅ ਲਿਆ ਸਕਦੇ ਨੇ। ਰਾਸ਼ਟਰਪਤੀ ਨੇ ਕਿਹਾ ਕਿ ਸੰਸਥਾਨ ਨੇ ਭਾਰਤੀ ਅਰਥ-ਵਿਵਸਥਾ ਨੂੰ ਦੁਨੀਆ ਦੀ ਸਭ ਤੋਂ ਮਜ਼ਬੂਤ ਅਰਥ-ਵਿਵਸਥਾਵਾਂ ਵਿੱਚੋਂ ਇੱਕ ਬਣਾਉਣ ਵਿੱਚ ਵੱਡੀ ਭੂਮਿਕਾ ਨਿਭਾਈ ਏ। ਉਨ੍ਹਾਂ ਕਿਹਾ ਕਿ ਸੰਸਥਾਨ  ਦੇਸ਼ ਦੀ ਤਰੱਕੀ ਵਿੱਚ ਭਾਈਵਾਲ ਰਿਹਾ ਏ। ਇਹ ਸੰਸਥਾ ਕੇਂਦਰ, ਸੂਬਾ  ਸਰਕਾਰ ਅਤੇ ਵੱਖ-ਵੱਖ ਸੰਗਠਨਾਂ ਨੂੰ ਨੀਤੀ

ਘਾੜੇ ਪ੍ਰਦਾਨ ਕਰਨ ਵਿੱਚ ਕੀਮਤੀ ਸਹਾਇਤਾ ਪ੍ਰਦਾਨ ਕਰਦੀ ਏ। ਉਨ੍ਹਾਂ ਕਿਹਾ ਕਿ ਭਾਰਤ ਦੇ ਇਤਿਹਾਸ ਵਿੱਚ ਲੇਖਾਕਾਰੀ ਦੇ ਅਭਿਆਸ ਦਾ ਜ਼ਿਕਰ ਏ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਲੇਖਾਕਾਰੀ ਅਤੇ ਜਵਾਬਦੇਹੀ ਡੂੰਘਾਈ ਨਾਲ ਜੁੜੇ ਹੋਏ ਨੇ।

-----------------------------------------------------

ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੇ, ਲੁਧਿਆਣਾ ਪੱਛਮੀ ਵਿਧਾਨ ਸਭਾ ਜਿਮਨੀ-ਚੋਣ ਆਪਣੇ ਨਜ਼ਦੀਕੀ ਵਿਰੋਧੀ, ਕਾਂਗਰਸ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਤੋਂ 10 ਹਜ਼ਾਰ 637 ਵੋਟਾਂ ਦੇ ਫਰਕ ਨਾਲ ਜਿੱਤ ਲਈ ਏ। ਸੰਜੀਵ ਅਰੋੜਾ ਨੂੰ 35 ਹਜ਼ਾਰ 179 ਵੋਟਾਂ ਜਦੋਂ ਕਿ ਆਸ਼ੂ 24 ਹਜ਼ਾਰ 542 ਵੋਟਾਂ ਪਈਆਂ। ਭਾਰਤੀ ਜਨਤਾ ਪਾਰਟੀ  ਦੇ ਜੀਵਨ ਗੁਪਤਾ 20 ਹਜ਼ਾਰ 323 ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ, ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪਰਉਪਕਾਰ ਸਿੰਘ ਘੁੰਮਣ ਸਿਰਫ਼ 8 ਹਜ਼ਾਰ 203 ਵੋਟਾਂ ਨਾਲ ਚੌਥੇ ਸਥਾਨ 'ਤੇ ਰਹੇ। ਗਿਣਤੀ ਦੇ 14ਵੇਂ ਅਤੇ ਆਖਰੀ ਗੇੜ ਤੋਂ ਬਾਅਦ ਨਤੀਜੇ ਐਲਾਨੇ ਗਏ। ਇਸ ਸਾਲ ਜਨਵਰੀ ਵਿੱਚ ਪਾਰਟੀ ਦੇ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ

ਦੀ ਮੌਤ ਤੋਂ ਬਾਅਦ ਲੁਧਿਆਣਾ ਪੱਛਮੀ ਸੀਟ ਖਾਲੀ ਹੋ ਗਈ ਸੀ। ਚੋਣ ਮੈਦਾਨ ਵਿੱਚ 14 ਉਮੀਦਵਾਰ ਸਨ । 19 ਜੂਨ ਨੂੰ ਹੋਣ ਵਾਲੀ ਜ਼ਿਮਣੀ-ਚੋਣ ਲਈ ਵੋਟਾਂ ਦੀ ਗਿਣਤੀ ਅੱਜ ਸਵੇਰੇ 8 ਵਜੇ ਸ਼ੁਰੂ ਹੋਈ ।

----------------------------------------------------

ਜਲ ਸ਼ਕਤੀ ਅਭਿਆਨ ਤਹਿਤ ਕੇਂਦਰੀ ਟੀਮ ਨੇ ਫਰੀਦਕੋਟ ਜਿਲ੍ਹੇ ਦਾ ਦੌਰਾ ਕੀਤਾ । ਜਲ ਜੀਵਨ ਮਿਸ਼ਨ ਅਤੇ ਜਲ ਸ਼ਕਤੀ ਮਿਸ਼ਨ ਯੋਜਨਾਵਾਂ ਲਾਗੂ ਕਰਨ ਸਬੰਧੀ ਜਾਣਕਾਰੀ ਲੈਣ ਲਈ ਕੇਂਦਰੀ ਟੀਮ ਦੇ ਮੈਂਬਰ ਰੋਹਨ ਚੰਦ ਠਾਕੁਰ ਅਤੇ ਵਿਜੇ ਸਿੰਘ ਮੀਨਾ ਨੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਸਮੇਤ ਵੱਖ ਵੱਖ ਵਿਭਾਗਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ । ਮੀਟਿੰਗ ਦੌਰਾਨਾ ਉਨ੍ਹਾਂ ਜਿਲ੍ਹੇ ਵਿੱਚ ਸਾਫ ਪੀਣ ਯੋਗ ਪਾਣੀ, ਜਲ ਸਰੋਤ ਜਿਲ੍ਹੇ ਵਿੱਚ ਪੀਣ ਵਾਲੇ ਪਾਣੀ ਦੀ ਗੁਣਵੱਤਾ ਦੀ ਜਾਂਚ ਸਬੰਧੀ ਅਧਿਕਾਰੀਆਂ ਤੋਂ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਹਦਾਇਤ ਕੀਤੀ ਕਿ ਲੋਕਾਂ ਨੂੰ ਸਾਫ ਪੀਣਯੋਗ ਪਾਣੀ ਦੀ ਸਪਲਾਈ ਨਿਰੰਤਰ ਬਣਾਈ ਜਾਵੇ ਅਤੇ ਉਨ੍ਹਾਂ ਨੂੰ ਮੀਂਹ ਦੇ ਪਾਣੀ ਨੂੰ ਭੰਡਾਰ ਕਰਕੇ ਵਰਤਣ ਸਬੰਧੀ ਵੀ ਜਾਗਰੂਕ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ

ਦੱਸਿਆ ਕਿ  ਜਲ ਜੀਵਨ ਤਹਿਤ ਲੋਕਾਂ ਨੂੰ ਨਿਰੰਤਰ ਸਾਫ ਪੀਣ ਵਾਲਾ ਪਾਣੀ ਮੁਹੱਈਆਂ ਕਰਵਾਇਆ ਜਾ ਰਿਹਾ ਏ ਤੇ ਵੱਧ ਤੋਂ ਵੱਧ ਲੋਕਾਂ ਨੂੰ ਸਰਕਾਰ ਦੇ ਜਲ ਜੀਵਨ ਮਿਸ਼ਨ ਅਤੇ ਜਲ ਸ਼ਕਤੀ ਅਭਿਆਨ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਏ । ਇਸ ਉਪਰੰਤ ਟੀਮ ਨੇ ਜਲ ਜੀਵਨ ਮਿਸ਼ਨ ਤਹਿਤ ਪਿੰਡ ਢਿੱਲਵਾਂ ਕਲਾਂ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੁਆਰਾ ਜਲ ਜੀਵਨ ਮਿਸ਼ਨ ਤਹਿਤ 4 ਕਰੋੜ 30 ਲਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਵਾਟਰ ਵਰਕਸ ਦਾ ਦੌਰਾ ਕੀਤਾ । ਇਸ ਮੌਕੇ ਉਨ੍ਹਾਂ ਪਿੰਡ ਢਿੱਲਵਾਂ ਕਲਾਂ ਦੇ ਘਰਾਂ ਵਿੱਚ ਜਾ ਕੇ ਪਾਣੀ ਦਾ ਪ੍ਰੈਸ਼ਰ ਅਤੇ ਗੁਣਵੱਤਾ ਦੀ ਜਾਂਚ ਕੀਤੀ । ਉਨ੍ਹਾਂ ਪਿੰਡ ਹਰਦਿਆਲੇਆਣਾ ਦੇ ਵਾਟਰ ਵਰਕਸ ਦਾ ਵੀ ਦੌਰਾ ਕੀਤਾ।

---------------------------------------------------------

ਰਾਸ਼ਟਰ ਅੱਜ ਭਾਰਤੀ ਜਨ ਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਸ਼ਰਧਾਂਜਲੀ ਦਿੱਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ

ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਦੇਸ਼ ਦੀ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਬੇਮਿਸਾਲ ਹਿੰਮਤ ਦਿਖਾਈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਅਣਮੁੱਲੇ ਯੋਗਦਾਨ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ। BJP ਦੇ ਰਾਸ਼ਟਰੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਅੱਜ ਨਵੀਂ ਦਿੱਲੀ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਡਾ. ਮੁਖਰਜੀ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ । ਸ੍ਰੀ ਨੱਡਾ ਨੇ ਕਿਹਾ ਕਿ ਦੇਸ਼ ਭਰ ਦੇ BJP ਵਰਕਰ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 72ਵੀਂ ਬਰਸੀ ਮਨਾਉਣ ਲਈ ਪ੍ਰੋਗਰਾਮ ਆਯੋਜਿਤ ਕਰ ਰਹੇ ਨੇ । ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ, ਸ੍ਰੀ ਨੱਡਾ ਨੇ ਕਿਹਾ ।

---------------------------------------------------------------

ਓਧਰ ਪਠਾਨਕੋਟ ਵਿਖੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ 72ਵਾਂ ਬਲਿਦਾਨ ਦਿਵਸ ਅੱਜ ਮਾਧੋਪੁਰ ਦੇ ਏਕਤਾ ਸਥਲ ਸਥਿਤ ਸ਼ਿਆਮਾ ਪ੍ਰਸਾਦ ਮੁਖਰਜੀ ਮੈਮੋਰੀਅਲ ਵਿਖੇ ਮਨਾਇਆ ਗਿਆ। ਇਸ ਦੌਰਾਨ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਅਤੇ ਹੋਰਨਾਂ ਨੇ ਪ੍ਰੋਗਰਾਮ ਵਿਚ

ਹਿੱਸਾ ਲਿਆ। ਸ੍ਰੀ  ਕਾਲੀਆ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ, ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਸਾਰੇ ਆਗੂਆਂ ਨੇ ਡਾ. ਮੁਖਰਜੀ ਨੂੰ ਸ਼ਰਧਾਂਜਲੀ ਭੇਟ ਕੀਤੀ।

---------------------------------------------------------------

ਭਾਰਤ ਵਿਚ ਸੇਵਾ, ਸੁਸ਼ਾਸਨ ਅਤੇ ਗਰੀਬਾਂ ਦੀ ਭਲਾਈ ਦੇ ਸਿਧਾਂਤਾਂ ਸਦਕਾ ਇੱਕ ਦਹਾਕੇ ਵਿਚ ਸ਼ਾਨਦਾਰ ਤਬਦੀਲੀ ਆਈ ਏ. ਪਿਛਲੇ 11 ਸਾਲਾਂ ਵਿਚ ਮੁਖ ਖੇਤਰਾਂ ‘ਚ ਸਰਕਾਰ ਦੇ ਉਪਰਾਲਿਆਂ ਬਾਰੇ ਆਕਾਸ਼ਵਾਣੀ ਖਬਰਾਂ ਵਲੋਂ ਇੱਕ ਵਿਸ਼ੇਸ਼ ਲੜੀ ਪੇਸ਼ ਕੀਤੀ ਜਾ ਰਹੀ ਏ। ਅੱਜ, ਅਸੀਂ ਭਾਰਤ ਦੀ ਸਮਾਵੇਸ਼ੀ ਵਿਕਾਸ ਪ੍ਰਤੀ ਅਟੁੱਟ ਵਚਨਬੱਧਤਾ 'ਤੇ ਧਿਆਨ ਕੇਂਦਰਿਤ ਕਰਦੇ ਹਾਂ - ਦੇਸ਼ ਦੇ ਘੱਟ ਗਿਣਤੀ ਭਾਈਚਾਰਿਆਂ ਲਈ ਸ਼ਕਤੀਕਰਨ, ਮੌਕੇ ਅਤੇ ਸੁਧਾਰ ਦੀ ਯਾਤਰਾ।

***<u>ਪੇਸ਼ ਏ ਇੱਕ ਰਿਪੋਰਟ :ਪਿਛਲੇ ਦਹਾਕੇ ਵਿੱਚ, ਸਰਕਾਰ ਨੇ ਸਿੱਖਿਆ, ਆਰਥਿਕ ਸ਼ਕਤੀਕਰਨ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਰਾਹੀਂ ਘੱਟ ਗਿਣਤੀ ਭਾਈਚਾਰਿਆਂ ਦੇ ਵਿਕਾਸ ਲਈ ਮਹੱਤਵਪੂਰਨ ਕੰਮ</u>***

ਕੀਤਾ ਹੈ। ਇਕੱਲੇ ਪ੍ਰਧਾਨ ਮੰਤਰੀ ਜਨ ਵਿਕਾਸ ਪ੍ਰੋਗਰਾਮ ਨੇ 18 ਹਜ਼ਾਰ 400 ਕਰੋੜ ਰੁਪਏ ਤੋਂ ਵੱਧ ਦੇ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ। ਇਸ ਦੌਰਾਨ, ਰਾਸ਼ਟਰੀ ਘੱਟ ਗਿਣਤੀ ਵਿਕਾਸ ਅਤੇ ਵਿੱਤ ਨਿਗਮ ਨੇ, ਪਛੜੇ ਵਰਗਾਂ ਨੂੰ ਰਿਆਇਤੀ ਕਰਜ਼ੇ ਪ੍ਰਦਾਨ ਕਰਦੇ ਹੋਏ, ਇੱਕ ਲੱਖ 74 ਹਜ਼ਾਰ ਤੋਂ ਵੱਧ ਲਾਭਪਾਤਰੀਆਂ ਨੂੰ 752 ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਏ। ਸੱਭਿਆਚਾਰਕ ਅਤੇ ਭਾਈਚਾਰਕ-ਵਿਸ਼ੇਸ਼ ਪਹਿਲਕਦਮੀਆਂ ਨੇ ਵੀ ਇੱਕ ਸਾਰਥਕ ਪ੍ਰਭਾਵ ਪਾਇਆ ਹੈ। ਹੱਜ ਸੁਵਿਧਾ ਐਪ ਅਤੇ ਹੱਜ ਵਲੰਟੀਅਰਾਂ ਲਈ ਸਮਰਪਿਤ ਸਿਖਲਾਈ ਪ੍ਰੋਗਰਾਮਾਂ ਨੇ ਤੀਰਥ ਯਾਤਰਾ ਦੇ ਅਨੁਭਵ ਨੂੰ ਵਧਾਇਆ ਹੈ। ਜਦੋਂ ਕਿ ਇਤਿਹਾਸਕ ਵਕਫ਼ ਸੋਧ ਐਕਟ, 2025, ਅਤੇ ਨਾਲ ਹੀ 'ਉਮੀਦ' ਪੋਰਟਲ ਦੀ ਸ਼ੁਰੂਆਤ ਨੇ ਪਾਰਦਰਸ਼ਤਾ ਅਤੇ ਸ਼ਾਸਨ ਨੂੰ ਮਜ਼ਬੂਤ ਕੀਤਾ, ਜਿਸ ਨਾਲ ਵਕਫ਼ ਜਾਇਦਾਦਾਂ ਲਈ ਡਿਜੀਟਲ ਪ੍ਰਬੰਧਨ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਹੋਈ। ਇਸ ਤੋਂ ਇਲਾਵਾ, ਬੋਧੀ ਵਿਕਾਸ ਯੋਜਨਾ, ਜੀਓ ਪਾਰਸੀ ਅਤੇ ਹੋਰ ਯੋਜਨਾਵਾਂ ਨੇ ਸੱਭਿਆਚਾਰ ਨੂੰ ਸੰਭਾਲ ਕੇ, ਸਿੱਖਿਆ ਨੂੰ ਉਤਸ਼ਾਹਿਤ ਕਰਕੇ ਅਤੇ ਭਾਈਚਾਰਕ

***ਕਲਿਆਣ ਨੂੰ ਵਧਾ ਕੇ ਵੱਖ-ਵੱਖ ਭਾਈਚਾਰਿਆਂ ਦੀਆਂ ਵਿਲੱਖਣ ਜ਼ਰੂਰਤਾਂ ਨੂੰ ਪੂਰਾ ਕੀਤਾ ਹੈ। ਸਮਾਵੇਸ਼ ਸਿਰਫ਼ ਇੱਕ ਨੀਤੀ ਨਹੀਂ ਹੈ, ਇਹ ਇੱਕ ਵਾਅਦਾ ਹੈ। ਸਮਰਪਿਤ ਯੋਜਨਾਵਾਂ, ਸਕਾਲਰਸ਼ਿਪ ਸਹਾਇਤਾ, ਡਿਜੀਟਲ ਸੁਧਾਰਾਂ ਅਤੇ ਵਿਰਾਸਤੀ ਸਾਂਭ-ਸੰਭਾਲ ਰਾਹੀਂ, ਸਰਕਾਰ ਅਰਥਪੂਰਨ ਸ਼ਕਤੀਕਰਨ ਅਤੇ ਸਥਾਈ ਸਮਾਵੇਸ਼ ਨੂੰ ਉਤਸ਼ਾਹਿਤ ਕਰ ਰਹੀ ਹੈ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ***

---------------------------------------------------

ਗੁਰਦਾਸਪੁਰ ਵਿਚ ਪਠਾਨਕੋਟ-ਅੰਮ੍ਰਿਤਸਰ ਸ਼ਾਹਰਾਹ 'ਤੇ ਵਾਪਰੇ ਸੜਕ ਹਾਦਸੇ ਵਿੱਚ, ਇੱਕ ਔਰਤ ਦੀ ਮੌਤ ਹੋ ਗਈ ਜਦਕਿ 6 ਹੋਰ ਲੋਕ ਵੀ ਜ਼ਖਮੀ ਹੋਏ ਨੇ । ਜ਼ਖਮੀਆਂ ਦਾ ਸਿਵਲ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਏ । ਸਾਡੇ ਪੱਤਰਕਾਰ ਨੇ ਦਸਿਆ ਕਿ ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਸਿਵਲ ਹਸਪਤਾਲ ਦੇ ਸਾਹਮਣੇ ਸ਼ਾਹਰਾਹ 'ਤੇ 2 ਈ-ਰਿਕਸ਼ਾ ਆਪਸ ਵਿੱਚ ਟਕਰਾ ਗਏ , ਜਿਸ ਮਗਰੋਂ ਇਕ ਕਾਰ ਵੀ ਇਹਨਾਂ ਈ ਰਿਕਸ਼ਾ ਵਿੱਚ ਆ ਟਕਰਾਈ । ਇਹ ਹਾਦਸੇ ਵਿਚ ਰਿਕਸ਼ਾ

ਸਵਾਰ ਇਕ ਗਰਭਵਤੀ ਔਰਤ ਦੀ ਮੌਤ ਹੋ ਗਈ ਅਤੇ 2 ਬੱਚੀਆਂ ਸਮੇਤ 6 ਹੋਰ ਲੋਕ ਵੀ ਜ਼ਖਮੀ ਹੋਏ ਨੇ।ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

---------------------------------------------------------

ਪੰਜਾਬ ਦੇ  ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸਿਵਲ ਹਸਪਤਾਲ ਲੁਧਿਆਣਾ ਦਾ ਦੌਰਾ ਕੀਤਾ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਗੁਣਵੱਤਾ ਦੀ ਸਮੀਖਿਆ ਕੀਤੀ । ਉਨ੍ਹਾਂ ਨੇ ਹਾਲੀਆ ਚੋਰੀ ਦੀਆਂ ਘਟਨਾਵਾਂ, ਵਿਸ਼ੇਸ਼ ਕਰਕੇ ਪਾਣੀ ਵਾਲੀਆਂ ਟੈਂਕੀਆਂ ਦੇ ਢੱਕਣ ਚੋਰੀ ਹੋਣ ਦੇ ਮਾਮਲੇ ਦੀ ਗੰਭੀਰ ਨੋਟਿਸ ਲੈਂਦੇ ਹੋਏ ਤੁਰੰਤ ਪੁਲਿਸ ਅਧਿਕਾਰੀਆਂ ਨੂੰ ਮੁਲਜ਼ਮਾਂ  ਨੂੰ ਜਲਦੀ ਗ੍ਰਿਫ਼ਤਾਰ ਕਰਨ ਦੇ ਹੁਕਮ ਜਾਰੀ ਕੀਤੇ। ਉਨ੍ਹਾਂ ਨੇ ਕਿਹਾ ਜਨਤਕ ਸਿਹਤ ਸੰਸਥਾਵਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਭ੍ਰਿਸ਼ਟਾਚਾਰ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸਿਹਤ ਮੰਤਰੀ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਦਿਆਂ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਰਾਬਤਾ ਕਰਕੇ ਪ੍ਰਤੀਕਰਮ  ਲਏ।

-------------------------------------------------------

ਪਟਿਆਲਾ ਡਵੀਜ਼ਨ ਦੇ ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ ਨੇ ਅੱਜ ਫ਼ਤਹਿਗੜ੍ਹ ਸਾਹਿਬ ਵਿਚ  ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਕੀਤੀਆਂ ਤਿਆਰੀਆਂ ਦਾ ਜਾਇਜ਼ਾ ਲਿਆ । ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਸਮੇਤ ਹੋਰਨਾਂ ਪ੍ਰਸ਼ਾਸਨਿਕ ਤੇ ਪੁਲਿਸ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ  ਡਵੀਜ਼ਨਲ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਵਧੇਰੇ ਚੌਕਸੀ ਵਰਤਣ ਦੀ ਹਦਾਇਤ ਕੀਤੀ ਅਤੇ ਲੋਕਾਂ ਨਾਲ ਨਿਰੰਤਰ ਤਾਲਮੇਲ ਰੱਖਣ ਲਈ ਪ੍ਰੇਰਿਆ। ਸ਼੍ਰੀ ਬੁਬਲਾਨੀ ਨੇ ਕਿਹਾ ਕਿ ਜਿਹੜੇ ਇਲਾਕਿਆਂ ਵਿੱਚ ਪਿਛਲੇ ਸਾਲਾਂ  ਦੌਰਾਨ ਹੜ੍ਹਾਂ ਦਾ ਪਾਣੀ ਆਇਆ ਸੀ ਉਥੇ ਵਧੇਰੇ ਧਿਆਨ ਰੱਖਿਆ ਜਾਵੇ ਅਤੇ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਵਿਭਾਗੀ ਤਾਲਮੇਲ ਪੱਖੋਂ ਕਿਸੇ ਪੱਧਰ 'ਤੇ ਕੋਈ ਕਮੀ ਨਾ ਛੱਡੀ ਜਾਵੇ। ਉਨ੍ਹਾਂ ਨੇ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਡਰੇਨਾਂ, ਨਦੀ ਨਾਲਿਆਂ, ਸੂਇਆਂ ਦੀ ਸਾਫ ਸਫਾਈ ਵਿੱਚ ਬੇਲੋੜੀ ਦੇਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਸਮੂਹ

ਐਸ.ਡੀ.ਐਮਜ਼ ਨੂੰ ਹਦਾਇਤ ਕੀਤੀ ਕਿ ਸਬ ਡਵੀਜ਼ਨਾਂ ਵਿੱਚ ਹੜ੍ਹ ਸੰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਜਾਵੇ ਤੇ ਸਥਾਨਕ ਨਿਵਾਸੀਆਂ ਨਾਲ ਪਰਸਪਰ ਤਾਲਮੇਲ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਸ਼ਾਸਨਿਕ ਪੱਧਰ 'ਤੇ ਸਾਰੇ ਪ੍ਰਬੰਧ ਮੁਕੰ ੰਮਲ ਕੀਤੇ ਜਾ ਚੁੱਕੇ ਨੇ ਅਤੇ ਹੜ੍ਹ ਕੰਟਰੋਲ ਰੂਮ ਵੀ ਸਥਾਪਤ ਕੀਤੇ ਗਏ ਨੇ।

---------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇਕ ਵਿਅਕਤੀ ਨੂੰ ਇੱਕ ਪਿਸਤੌਲ,ਮੈਗਜੀਨ ਤੇ 4 ਜਿੰਦਾ ਰੌਂਦ ਅਤੇ ਇੱਕ ਮੋਟਰ ਸਾਈਕਲ ਸਮੇਤ ਗ੍ਰਿਫਤਾਰ ਕੀਤਾ ਏ । ਸੀਨੀਅਰ ਕਪਤਾਨ ਪੁਲਿਸ ਮਨਿੰਦਰ ਸਿੰਘ ਨੇ ਦਸਿਆ ਕਿ ਮਹਿਤਾ ਪੁਲਿਸ ਨੇ ਗੁਪਤ ਸੂਚਨਾ ਕਾਰਵਾਈ ਕਰਦਿਆਂ ਮੁਲਜ਼ਮ ਸਤਿੰਦਰਪਾਲ ਸਿੰਘ ਨੂੰ ਪੁਲ ਸੂਆ ਦਿਆਲਗੜ ਤੋਂ ਅਸਲੇ ਸਮੇਤ ਗ੍ਰਿਫਤਾਰ ਕੀਤਾ । ਮੁਲਜ਼ਮ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------------

ਬਠਿੰਡਾ ਦੇ ਜੱਚਾ-ਬੱਚਾ ਹਸਪਤਾਲ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ

ਮਾਤ੍ਰਿਤਵ ਮੁਹਿੰਮ ਤਹਿਤ ਗਰਭਵਤੀ ਔਰਤਾਂ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ।ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਨੇ ਦੱਸਿਆ ਕਿ ਸਿਹਤ ਵਿਭਾਗ ਗਰਭਵਤੀ ਔਰਤਾਂ ਅਤੇ ਛੋਟੇ ਬੱਚਿਆਂ ਦੀ ਮੌਤ ਦਰ ਨੂੰ ਕੰਟਰੋਲ ਕਰਨ ਲਈ ਯਤਨਸ਼ੀਲ ਏ ਅਤੇ ਹਰ ਗਰਭਵਤੀ ਔਰਤ ਦਾ ਜਣੇਪਾ ਸੁਰੱਖਿਅਤ ਕਰਨ ਲਈ ਹਰ ਸੰਭਵ ਉਪਰਾਲਾ ਕਰ ਰਿਹਾ ਏ। ਇਸ ਲਈ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ ਕਮਿਊਨਿਟੀ ਸਿਹਤ ਕੇਂਦਰਾਂ ਵਿੱਚ ਮੁਫਤ ਸਿਹਤ ਜਾਂਚ ਕੈਂਪਲਾਏ ਜਾ ਰਹੇ ਨੇ । ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਸੁਖਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਜੇਕਰ ਗਰਭਵਤੀ ਔਰਤ ਦੇ ਗਰਭ ਦੌਰਾਨ ਸਮੇਂ-ਸਮੇਂ ਸਿਰ ਜਾਂਚ ਹੁੰਦੀ ਰਹੇ ਤਾਂ ਉਸ ਦਾ ਜਣੇਪਾ ਸੁਰੱਖਿਅਤ ਅਤੇ ਸੌਖਾ ਹੋ ਜਾਂਦਾ ਏ। ਉਨ੍ਹਾਂ ਮਾਵਾਂ ਨੂੰ ਜਾਗਰੂਕ ਮਾਂ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਉਹ ਗਰਭ ਅਵਸਥਾ ਦੌਰਾਨ ਤੇ ਆਪਣੀ ਰੋਜ਼ਾਨਾ ਜ਼ਿੰਦਗੀ ਵਿਚ ਸੰਤੁਲਿਤ ਖੁਰਾਕ ਖਾਣ।

------------------------------------------------------

ਮੌਸਮ ਵਿਭਾਗ ਨੇ ਕਿਹਾ ਏ ਕਿ ਅਗਲੇ ਦੋ ਦਿਨਾਂ ਵਿੱਚ ਪੰਜਾਬ,

ਹਰਿਆਣਾ, ਚੰਡੀਗੜ੍ਹ, ਦਿੱਲੀ, ਉੱਤਰ ਪ੍ਰਦੇਸ਼, ਹਿਮਾਚਲ ਪ੍ਰਦੇਸ਼ ਅਤੇ ਜੰਮੂ ਦੇ ਕੁਝ ਹਿੱਸਿਆਂ ਵਿੱਚ ਦੱਖਣ-ਪੱਛਮੀ ਮਾਨਸੂਨ ਦੇ ਅੱਗੇ ਵਧਣ ਲਈ ਹਾਲਾਤ ਅਨੁਕੂਲ ਨੇ । ਮੌਸਮ ਵਿਭਾਗ ਨੇ ਅੱਜ ਰਾਜਸਥਾਨ ਅਤੇ ਮੱਧ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ ਕੀਤਾ ਏ ।

---------------------------------------------------

ਐਂਡਰਸਨ-ਤੇਂਦੁਲਕਰ ਕ੍ਰਿਕਟ ਟਰਾਫੀ ਵਿੱਚ, ਲੀਡਜ਼ ਵਿੱਚ ਖੇਡੇ ਜਾ ਰਹੇ ਪਹਿਲੇ ਟੈਸਟ ਦੇ ਚੌਥੇ ਦਿਨ ਦੁਪਹਿਰ ਦੇ ਖਾਣੇ ਤੱਕ ਭਾਰਤ ਨੇ 3 ਵਿਕਟਾਂ 'ਤੇ 153 ਦੌੜਾਂ ਬਣਾਈਆਂ ਸਨ। ਕੇ.ਐਲ ਰਾਹੁਲ 71 ਅਤੇ ਰਿਸ਼ਭ ਪੰਤ 31 ਦੌੜਾਂ ਬਣਾ ਕੇ ਕਰੀਜ਼ 'ਤੇ ਸਨ । ਭਾਰਤ ਹੁਣ 159 ਦੌੜਾਂ ਨਾਲ ਅੱਗੇ ਏ ।  ਇਸ ਤੋਂ ਪਹਿਲਾਂ, ਟੀਮ ਇੰਡੀਆ ਦੇ ਪਹਿਲੀ ਪਾਰੀ ਦੇ ਕੁੱਲ 471 ਦੌੜਾਂ ਦੇ ਜਵਾਬ ਵਿੱਚ ਇੰਗਲੈਂਡ ਆਪਣੀ ਪਹਿਲੀ ਪਾਰੀ ਵਿੱਚ 465 ਦੌੜਾਂ 'ਤੇ ਆਊਟ ਹੋ ਗਿਆ ਸੀ।

---------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਦੁਨੀਆ, ਜਲਵਾਯੂ ਤਬਦੀਲੀ ਦੇ ਸੰਕਟ ਦਾ ਸਾਹਮਣਾ ਕਰ ਰਹੀ ਏ।
- ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੇ ਲੁਧਿਆਣਾ ਪੱਛਮੀ ਵਿਧਾਨ ਸਭਾ ਜਿਮਨੀ-ਚੋਣ ਜਿਤੀ।
- ਜਲ ਸ਼ਕਤੀ ਅਭਿਆਨ ਤਹਿਤ ਕੇਂਦਰੀ ਟੀਮ ਵੱਲੋਂ ਫਰੀਦਕੋਟ ਜਿਲ੍ਹੇ ਦਾ ਦੌਰਾ -ਲੋਕਾਂ ਲਈ ਨਿਰੰਤਰ ਸਾਫ ਪੀਣ ਵਾਲੇ ਪਾਣੀ ਮੁਹੱਈਆ ਕਰਵਾਉਣ ਦੇ ਦਿੱਤੇ ਨਿਰਦੇਸ਼।
- ਗੁਰਦਾਸਪੁਰ ਵਿਚ ਪਠਾਨਕੋਟ-ਅੰਮ੍ਰਿਤਸਰ ਸ਼ਾਹਰਾਹ 'ਤੇ ਵਾਪਰੇ ਸੜਕ ਹਾਦਸੇ ਵਿੱਚ, ਇੱਕ ਔਰਤ ਦੀ ਮੌਤ ਜਦਕਿ 6 ਲੋਕ ਜ਼ਖਮੀ।
- ਐਂਡਰਸਨ-ਤੇਂਦੁਲਕਰ ਕ੍ਰਿਕਟ ਟਰਾਫੀ ਵਿੱਚ, ਪਹਿਲੇ ਟੈਸਟ ਦੇ ਚੌਥੇ ਦਿਨ ਦੁਪਹਿਰ ਦੇ ਖਾਣੇ ਤੱਕ ਭਾਰਤ ਨੇ 3 ਵਿਕਟਾਂ 'ਤੇ 153 ਦੌੜਾਂ ਬਣਾਈਆਂ।

- ਇਸਦੇ ਨਾਲ

  ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !